# ਬਾਣੀ ਗੁਰੂ ਅੰਗਦ ਦੇਵ ਜੀ, ਸੰਪੂਰਨ ਪਾਠ

ਗੁਰੂ ਅੰਗਦ ਦੇਵ ਜੀ ਦੀ ਬਾਣੀ, ਸ੍ਰੀ ਗੁਰੂ ਗਰੰਥ ਸਾਹਿਬ ਵਿਚ ਸਿਰਫ ਵਾਰਾਂ ਦੇ ਰੂਪ ਵਿਚ ਦਰਜ ਹੈ। ਇਹ ਬਾਣੀ ਦੂਜੇ ਗੁਰੂ ਸਾਹਿਬਾਨਾ ਦੀਆਂ ਵਾਰਾਂ ਵਿਚ ਸੰਵਾਦ ਰੂਪੀ ਸਲੋਕਾਂ ਨਾਲ ਹੈ। ਗੁਰੂ ਅੰਗਦ ਦੇਵ ਜੀ ਦੇ ਸ੍ਰੀ ਗੁਰੂ ਗਰੰਥ ਸਾਹਿਬ ਵਿਚ ਦਰਜ ਸਲੋਕਾਂ ਦੀ ਗਿਣਤੀ 62 ਹੈ। ਇਹ ਸਾਰੇ ਸਲੋਕ ਵੱਖ-ਵੱਖ ਵਾਰਾਂ ਦੀਆਂ ਪਾਉੜੀਆਂ ਨਾਲ ਜੁੜੇ ਹੋਏ 9 ਰਾਗਾਂ ਵਿੱਚ ਵੰਡੇ ਹੋਏ ਹਨ।

## ਗੁਰੂ ਅੰਗਦ ਦੇਵ ਜੀ ਦੀ ਬਾਣੀ, ਰਾਗਾਂ, ਸਿਰਲੇਖਾਂ ਅਤੇ ਸਲੋਕਾਂ ਦਾ ਵੇਰਵਾ

| ਰਾਗ | ਹਰ ਵਾਰ ਵਿਚ ਕੁੱਲ ਸਲੋਕਾਂ ਦੀ ਗਿਣਤੀ |
|---|---|
| ਸਿਰੀਰਾਗ ਕੀ ਵਾਰ ਮਹਲਾ 4 | 2 |
| ਵਾਰ ਮਾਝ ਕੀ ਤਥਾ ਸਲੋਕ ਮਹਲਾ 1 | 12 |
| ਆਸਾ ਮਹਲਾ 1 ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ | 15 |

| ਰਾਗ | ਹਰ ਵਾਰ ਵਿਚ ਕੁੱਲ ਸਲੋਕਾਂ ਦੀ ਗਿਣਤੀ |
|---|---|
| ਰਾਗੁ ਸੋਰਠਿ ਵਾਰ ਮਹਲੇ 4 ਕੀ | 1 |
| ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ 3 | 11 |
| ਰਾਮਕਲੀ ਕੀ ਵਾਰ ਮਹਲਾ 3 | 7 |
| ਮਾਰੂ ਵਾਰ ਮਹਲਾ 3 | 1 |
| ਸਾਰੰਗ ਕੀ ਵਾਰ ਮਹਲਾ 4 ਰਾਇ ਮਹਮੇ ਹਸਨੇ ਕੀ ਧੁਨਿ | 9 |
| ਮਲਾਰ ਕੀ ਮਹਲਾ 1 ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ | 5 |

# ਸਿਰੀਰਾਗ ਕੀ ਵਾਰ ਮਹਲਾ ੪

ਅੰਗ 83 ਤੋਂ ਸਿਰੀਰਾਗ ਕੀ ਵਾਰ ਬਾਣੀ ਸ਼ੁਰੂ ਹੁੰਦੀ ਹੈ, ਜੋ ਅੰਗ 91 ਤੱਕ ਹੈ। ਇਸ ਬਾਣੀ ਵਿਚ ਪਹਿਲੇ ਦੂਜੇ ਤੀਜੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਦਰਜ ਹੈ।

## ੴ ਸਤਿਗੁਰ ਪ੍ਰਸਾਦਿ ॥ ਸਿਰੀਰਾਗ ਕੀ ਵਾਰ ਮਹਲਾ ੪ ਸਲੋਕਾ ਨਾਲਿ ॥

**ਸਲੋਕ ਮਃ ੩**----------------------------------------------------------

**ਸਲੋਕ ਮਃ ੧ ॥**--------------------------------------------------------

ਮਃ ੨ ॥ ਜਿਸੁ ਪਿਆਰੇ ਸਿਉ ਨੇਹੁ ਤਿਸੁ ਆਗੈ ਮਰਿ ਚਲੀਐ ॥ ਧ੍ਰਿਗੁ ਜੀਵਣੁ ਸੰਸਾਰਿ ਤਾ ਕੈ ਪਾਛੈ ਜੀਵਣਾ ॥੨॥ ਪਉੜੀ ॥ ਤੁਧੁ ਆਪੇ ਧਰਤੀ ਸਾਜੀਐ ਚੰਦੁ ਸੂਰਜੁ ਦੁਇ ਦੀਵੇ ॥ ਦਸ ਚਾਰਿ ਹਟ ਤੁਧੁ ਸਾਜਿਆ ਵਾਪਾਰੁ ਕਰੀਵੇ ॥ ਇਕਨਾ ਨੋ ਹਰਿ ਲਾਭੁ ਦੇਇ ਜੋ ਗੁਰਮੁਖਿ ਥੀਵੇ ॥ ਤਿਨ ਜਮਕਾਲੁ ਨ ਵਿਆਪਈ ਜਿਨ ਸਚੁ ਅੰਮ੍ਰਿਤੁ ਪੀਵੇ ॥ ਓਇ ਆਪਿ ਛੁਟੇ ਪਰਵਾਰ ਸਿਉ ਤਿਨ ਪਿਛੈ ਸਭੁ ਜਗਤੁ ਛੁਟੀਵੇ ॥੩॥

**ਸਲੋਕ ਮਃ ੧**----------------------------------------------------------

**ਮਃ ੩**--------------------------------------------------------------

**ਮਃ ੧**--------------------------------------------------------------

ਸਲੋਕ ਮਃ ੩-----------------------------------------------------------------

ਸਲੋਕ ਮਃ ੨ ॥ ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਦੀਜੈ ਡਾਰਿ ॥ ਨਾਨਕ ਜਿਸੁ ਪਿੰਜਰ ਮਹਿ ਬਿਰਹਾ ਨਹੀ ਸੋ ਪਿੰਜਰੁ ਲੈ ਜਾਰਿ ॥੧॥

ਮਃ ੫ ॥---------------------------------------------------------------------

ਸਲੋਕ ਮਃ ੩------------------------------------------------------------------

ਸਲੋਕ ਮਃ ੧------------------------------------------------------------------

ਸਲੋਕ ਮਃ ੩-----------------------------------------------------------------

---------------------------------------------------------------------------

## ਵਾਰ ਮਾਝ ਕੀ ਤਥਾ ਸਲੋਕ ਮਹਲਾ ੧

ਅੰਗ 137 ਤੋਂ ਵਾਰ ਮਾਝ ਕੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 150 ਤੱਕ ਹੈ। ਇਸ ਬਾਣੀ ਵਿਚ ਪਹਿਲੇ, ਦੂਜੇ, ਤੀਜੇ ਅਤੇ ਚੌਥੇ ਪਾਤਸ਼ਾਹ ਦੇ ਸਲੋਕ ਹਨ।

### ਵਾਰ ਮਾਝ ਕੀ ਤਥਾ ਸਲੋਕ ਮਹਲਾ ੧

ਮਲਕ ਮੁਰੀਦ ਤਥਾ ਚੰਦ੍ਰਹੜਾ ਸੋਹੀਆ ਕੀ ਧੁਨੀ ਗਾਵਣੀ ॥ ੴ ਸਤਿ ਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ ॥

**ਸਲੋਕੁ ਮਃ ੧ -----------------------------------------------------------------------------------------------**

ਮਃ ੨ ॥ ਦੇਂਦੇ ਥਾਵਹੁ ਦਿਤਾ ਚੰਗਾ ਮਨਮੁਖਿ ਐਸਾ ਜਾਣੀਐ ॥ ਸੁਰਤਿ ਮਤਿ ਚਤੁਰਾਈ ਤਾ ਕੀ ਕਿਆ ਕਰਿ ਆਖਿ ਵਖਾਣੀਐ ॥ ਅੰਤਰਿ ਬਹਿ ਕੈ ਕਰਮ ਕਮਾਵੈ ਸੋ ਚਹੁ ਕੁੰਡੀ ਜਾਣੀਐ ॥ ਜੋ ਧਰਮੁ ਕਮਾਵੈ ਤਿਸੁ ਧਰਮ ਨਾਉ ਹੋਵੈ ਪਾਪਿ ਕਮਾਣੈ ਪਾਪੀ ਜਾਣੀਐ ॥ ਤੂੰ ਆਪੇ ਖੇਲ ਕਰਹਿ ਸਭਿ ਕਰਤੇ ਕਿਆ ਦੂਜਾ ਆਖਿ ਵਖਾਣੀਐ ॥ ਜਿਚਰੁ ਤੇਰੀ ਜੋਤਿ ਤਿਚਰੁ ਜੋਤੀ ਵਿਚਿ ਤੂੰ ਬੋਲਹਿ ਵਿਣੁ ਜੋਤੀ ਕੋਈ ਕਿਛੁ ਕਰਿਹੁ ਦਿਖਾ ਸਿਆਣੀਐ ॥ ਨਾਨਕ ਗੁਰਮੁਖਿ ਨਦਰੀ ਆਇਆ ਹਰਿ ਇਕੋ ਸੁਘੜੁ ਸੁਜਾਣੀਐ ॥੨॥ ਪਉੜੀ ॥ ਤੁਧੁ ਆਪੇ ਜਗਤੁ ਉਪਾਇ ਕੈ ਤੁਧੁ ਆਪੇ ਧੰਧੈ ਲਾਇਆ ॥ ਮੋਹ ਠਗਉਲੀ ਪਾਇ ਕੈ ਤੁਧੁ ਆਪਹੁ ਜਗਤੁ ਖੁਆਇਆ ॥ ਤਿਸਨਾ ਅੰਦਰਿ ਅਗਨਿ ਹੈ ਨਹ ਤਿਪਤੈ ਭੁਖਾ ਤਿਹਾਇਆ ॥ ਸਹਸਾ ਇਹੁ ਸੰਸਾਰੁ ਹੈ ਮਰਿ ਜੰਮੈ ਆਇਆ ਜਾਇਆ ॥ ਬਿਨੁ ਸਤਿਗੁਰ ਮੋਹੁ ਨ ਤੁਟਈ ਸਭਿ ਥਕੇ ਕਰਮ ਕਮਾਇਆ ॥ ਗੁਰਮਤੀ ਨਾਮੁ ਧਿਆਈਐ ਸੁਖਿ ਰਜਾ ਜਾ ਤੁਧੁ ਭਾਇਆ ॥ ਕੁਲੁ ਉਧਾਰੇ ਆਪਣਾ ਧੰਨੁ ਜਣੇਦੀ ਮਾਇਆ ॥ ਸੋਭਾ ਸੁਰਤਿ ਸੁਹਾਵਣੀ ਜਿਨਿ ਹਰਿ ਸੇਤੀ ਚਿਤੁ ਲਾਇਆ ॥੨॥ ਸਲੋਕ ਮਃ ੨ ॥ ਅਖੀ ਬਾਝਹੁ ਵੇਖਣਾ ਵਿਣੁ ਕੰਨਾ ਸੁਨਣਾ ॥ ਪੈਰਾ ਬਾਝਹੁ ਚਲਣਾ ਵਿਣੁ ਹਥਾ ਕਰਣਾ ॥ ਜੀਭੈ ਬਾਝਹੁ ਬੋਲਣਾ ਇਉ ਜੀਵਤ ਮਰਣਾ ॥ ਨਾਨਕ ਹੁਕਮੁ ਪਛਾਣਿ ਕੈ ਤਉ ਖਸਮੈ ਮਿਲਣਾ ॥੧॥ ਮਃ ੨ ॥ ਦਿਸੈ ਸੁਣੀਐ ਜਾਣੀਐ ਸਾਉ ਨ ਪਾਇਆ ਜਾਇ ॥ ਰੁਹਲਾ ਟੁੰਡਾ ਅੰਧੁਲਾ ਕਿਉ ਗਲਿ ਲਗੈ ਧਾਇ ॥ ਭੈ ਕੇ ਚਰਣ ਕਰ ਭਾਵ ਕੇ ਲੋਇਣ ਸੁਰਤਿ ਕਰੇਇ ॥ ਨਾਨਕੁ ਕਹੈ ਸਿਆਣੀਏ ਇਵ ਕੰਤ ਮਿਲਾਵਾ ਹੋਇ ॥੨॥ ਪਉੜੀ ॥ ਸਦਾ ਸਦਾ ਤੂੰ ਏਕੁ ਹੈ ਤੁਧੁ ਦੂਜਾ ਖੇਲੁ ਰਚਾਇਆ ॥ ਹਉਮੈ ਗਰਬੁ ਉਪਾਇ ਕੈ ਲੋਭੁ ਅੰਤਰਿ ਜੰਤਾ ਪਾਇਆ ॥ ਜਿਉ ਭਾਵੈ ਤਿਉ ਰਖੁ ਤੂ ਸਭ ਕਰੇ ਤੇਰਾ ਕਰਾਇਆ ॥ ਇਕਨਾ ਬਖਸਹਿ ਮੇਲਿ ਲੈਹਿ ਗੁਰਮਤੀ ਤੁਧੈ ਲਾਇਆ ॥ ਇਕਿ ਖੜੇ ਕਰਹਿ ਤੇਰੀ ਚਾਕਰੀ ਵਿਣੁ ਨਾਵੈ ਹੋਰੁ ਨ ਭਾਇਆ ॥ ਹੋਰੁ ਕਾਰ ਵੇਕਾਰ ਹੈ ਇਕਿ ਸਚੀ ਕਾਰੈ ਲਾਇਆ ॥ ਪੁਤੁ ਕਲਤੁ ਕੁਟੰਬੁ ਹੈ ਇਕਿ ਅਲਿਪਤੁ ਰਹੇ ਜੋ ਤੁਧੁ ਭਾਇਆ ॥ ਓਹਿ ਅੰਦਰਹੁ ਬਾਹਰਹੁ ਨਿਰਮਲੇ ਸਚੈ ਨਾਇ ਸਮਾਇਆ ॥੩॥

ਸਲੋਕੁ ਮਃ ੧ ----------------------------------------------------------------

ਮਹਲਾ ੪ ॥ ----------------------------------------------------------------

ਸਲੋਕ ਮਃ ੧ ----------------------------------------------------------------

ਮਹਲਾ ੪ ॥ ----------------------------------------------------------------

ਸਲੋਕੁ ਮਃ ੧ ----------------------------------------------------------------

ਮਃ ੩ ----------------------------------------------------------------

ਸਲੋਕੁ ਮਃ ----------------------------------------------------------------

ਮਃ ੨ ॥ ਸੇਈ ਪੂਰੇ ਸਾਹ ਜਿਨੀ ਪੂਰਾ ਪਾਇਆ ॥ ਅਠੀ ਵੇਪਰਵਾਹ ਰਹਨਿ ਇਕਤੈ ਰੰਗਿ ॥ ਦਰਸਨਿ ਰੂਪਿ ਅਥਾਹ ਵਿਰਲੇ ਪਾਈਅਹਿ ॥ ਕਰਮਿ ਪੂਰੈ ਪੂਰਾ ਗੁਰੂ ਪੂਰਾ ਜਾ ਕਾ ਬੋਲੁ ॥ ਨਾਨਕ ਪੂਰਾ ਜੇ ਕਰੇ ਘਟੈ ਨਾਹੀ ਤੋਲੁ ॥੨॥ ਪਉੜੀ ॥ ਜਾ ਤੂੰ ਤਾ ਕਿਆ ਹੋਰਿ ਮੈ ਸਚੁ ਸੁਣਾਈਐ ॥ ਮੁਠੀ ਧੰਧੈ ਚੋਰਿ ਮਹਲੁ ਨ ਪਾਈਐ ॥ ਏਨੈ ਚਿਤਿ ਕਠੋਰਿ ਸੇਵ ਗਵਾਈਐ ॥ ਜਿਤੁ ਘਟਿ ਸਚੁ ਨ ਪਾਇ ਸੁ ਭੰਨਿ ਘੜਾਈਐ ॥ ਕਿਉ ਕਰਿ ਪੂਰੈ ਵਟਿ ਤੋਲਿ ਤੁਲਾਈਐ ॥ ਕੋਇ ਨ ਆਖੈ ਘਟਿ ਹਉਮੈ ਜਾਈਐ ॥ ਲਈਅਨਿ ਖਰੇ ਪਰਖਿ ਦਰਿ ਬੀਨਾਈਐ ॥ ਸਉਦਾ ਇਕਤੁ ਹਟਿ ਪੂਰੈ ਗੁਰਿ ਪਾਈਐ ॥੧੭॥ ਸਲੋਕ ਮਃ ੨ ॥ ਅਠੀ ਪਹਰੀ ਅਠ ਖੰਡ ਨਾਵਾ

ਖੰਡੁ ਸਰੀਰੁ ॥ ਤਿਸੁ ਵਿਚਿ ਨਉ ਨਿਧਿ ਨਾਮੁ ਏਕੁ ਭਾਲਹਿ ਗੁਣੀ ਗਹੀਰੁ ॥ ਕਰਮਵੰਤੀ ਸਾਲਾਹਿਆ ਨਾਨਕ ਕਰਿ ਗੁਰੁ ਪੀਰੁ ॥ ਚਉਥੈ ਪਹਰਿ ਸਬਾਹ ਕੈ ਸੁਰਤਿਆ ਉਪਜੈ ਚਾਉ ॥ ਤਿਨਾ ਦਰੀਆਵਾ ਸਿਉ ਦੋਸਤੀ ਮਨਿ ਮੁਖਿ ਸਚਾ ਨਾਉ ॥ ਓਥੈ ਅੰਮ੍ਰਿਤੁ ਵੰਡੀਐ ਕਰਮੀ ਹੋਇ ਪਸਾਉ ॥ ਕੰਚਨ ਕਾਇਆ ਕਸੀਐ ਵੰਨੀ ਚੜੈ ਚੜਾਉ ॥ ਜੇ ਹੋਵੈ ਨਦਰਿ ਸਰਾਫ ਕੀ ਬਹੁੜਿ ਨ ਪਾਈ ਤਾਉ ॥ ਸਤੀ ਪਹਰੀ ਸਤੁ ਭਲਾ ਬਹੀਐ ਪੜਿਆ ਪਾਸਿ ॥ ਓਥੈ ਪਾਪੁ ਪੁੰਨੁ ਬੀਚਾਰੀਐ ਕੂੜੈ ਘਟੈ ਰਾਸਿ ॥ ਓਥੈ ਖੋਟੇ ਸਟੀਅਹਿ ਖਰੇ ਕੀਚਹਿ ਸਾਬਾਸਿ ॥ ਬੋਲਣੁ ਫਾਦਲੁ ਨਾਨਕਾ ਦੁਖੁ ਸੁਖੁ ਖਸਮੈ ਪਾਸਿ ॥੧॥ ਮਃ ੨ ॥ ਪਉਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ॥ ਦਿਨਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ ॥ ਚੰਗਿਆਈਆ ਬੁਰਿਆਈਆ ਵਾਚੇ ਧਰਮੁ ਹਦੂਰਿ ॥ ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ ॥ ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ ॥ ਨਾਨਕ ਤੇ ਮੁਖ ਉਜਲੇ ਹੋਰ ਕੇਤੀ ਛੁਟੀ ਨਾਲਿ ॥੨॥ ਪਉੜੀ ॥ ਸਚਾ ਭੋਜਨੁ ਭਾਉ ਸਤਿਗੁਰਿ ਦਸਿਆ ॥ ਸਚੇ ਹੀ ਪਤੀਆਇ ਸਚਿ ਵਿਗਸਿਆ ॥ ਸਚੈ ਕੋਟਿ ਗਿਰਾਂਇ ਨਿਜ ਘਰਿ ਵਸਿਆ ॥ ਸਤਿਗੁਰਿ ਤੁਠੈ ਨਾਉ ਪ੍ਰੇਮਿ ਰਹਸਿਆ ॥ ਸਚੈ ਦੈ ਦੀਬਾਣਿ ਕੂੜਿ ਨ ਜਾਈਐ ॥ ਝੂਠੋ ਝੂਠੁ ਵਖਾਣਿ ਸੁ ਮਹਲੁ ਖੁਆਈਐ॥ ਸਚੈ ਸਬਦਿ ਨੀਸਾਣਿ ਠਾਕ ਨ ਪਾਈਐ ॥ ਸਚੁ ਸੁਣਿ ਬੁਝਿ ਵਖਾਣਿ ਮਹਲਿ ਬੁਲਾਈਐ ॥੧੮॥

## ਸਲੋਕੁ ਮਃ ੧ -----------------------------------------------------------------------

ਮਃ ੨ ॥ ਆਖਣੁ ਆਖਿ ਨ ਰਜਿਆ ਸੁਨਣਿ ਨ ਰਜੇ ਕੰਨ ॥ ਅਖੀ ਦੇਖਿ ਨ ਰਜੀਆ ਗੁਣ ਗਾਹਕ ਇਕ ਵੰਨ ॥ ਭੁਖਿਆ ਭੁਖ ਨ ਉਤਰੈ ਗਲੀ ਭੁਖ ਨ ਜਾਇ ॥ ਨਾਨਕ ਭੁਖਾ ਤਾ ਰਜੈ ਜਾ ਗੁਣ ਕਹਿ ਗੁਣੀ ਸਮਾਇ ॥੨॥ ਪਉੜੀ ॥ ਵਿਣੁ ਸਚੇ ਸਭੁ ਕੂੜੁ ਕੂੜੁ ਕਮਾਈਐ ॥ ਵਿਣੁ ਸਚੇ ਕੂੜਿਆਰੁ ਬੰਨਿ ਚਲਾਈਐ ॥ ਵਿਣੁ ਸਚੇ ਤਨੁ ਛਾਰੁ ਛਾਰੁ ਰਲਾਈਐ ॥ ਵਿਣੁ ਸਚੇ ਸਭ ਭੁਖ ਜਿ ਪੈਝੈ

ਖਾਈਐ ॥ ਵਿਣੁ ਸਚੇ ਦਰਬਾਰੁ ਕੂੜਿ ਨ ਪਾਈਐ ॥ ਕੂੜੈ ਲਾਲਚਿ ਲਗਿ ਮਹਲੁ ਖੁਆਈਐ ॥ ਸਭੁ ਜਗੁ ਠਗਿਓ ਠਗਿ ਆਈਐ ਜਾਈਐ ॥ ਤਨ ਮਹਿ ਤ੍ਰਿਸਨਾ ਅਗਿ ਸਬਦਿ ਬੁਝਾਈਐ ॥੧੯॥

**ਸਲੋਕ ਮਃ ੧** ----------------------------------------------------------------------------------------------------

ਸਲੋਕੁ ਮਹਲਾ ੨ ॥ ਮੰਤ੍ਰੀ ਹੋਇ ਅਠੂਹਿਆ ਨਾਗੀ ਲਗੈ ਜਾਇ ॥ ਆਪਣ ਹਥੀ ਆਪਣੈ ਦੇ ਕੂਚਾ ਆਪੇ ਲਾਇ ॥ ਹੁਕਮੁ ਪਇਆ ਧੁਰਿ ਖਸਮ ਕਾ ਅਤੀ ਹੂ ਧਕਾ ਖਾਇ ॥ ਗੁਰਮੁਖ ਸਿਉ ਮਨਮੁਖੁ ਅੜੈ ਡੁਬੈ ਹਕਿ ਨਿਆਇ ॥ ਦੁਹਾ ਸਿਰਿਆ ਆਪੇ ਖਸਮੁ ਵੇਖੈ ਕਰਿ ਵਿਉਪਾਇ ॥ ਨਾਨਕ ਏਵੈ ਜਾਣੀਐ ਸਭ ਕਿਛੁ ਤਿਸਹਿ ਰਜਾਇ ॥੧॥ ਮਹਲਾ ੨ ॥ ਨਾਨਕ ਪਰਖੇ ਆਪ ਕਉ ਤਾ ਪਾਰਖੁ ਜਾਣੁ ॥ ਰੋਗੁ ਦਾਰੂ ਦੋਵੈ ਬੁਝੈ ਤਾ ਵੈਦੁ ਸੁਜਾਣੁ ॥ ਵਾਟ ਨ ਕਰਈ ਮਾਮਲਾ ਜਾਣੈ ਮਿਹਮਾਣੁ ॥ ਮੂਲੁ ਜਾਣਿ ਗਲਾ ਕਰੇ ਹਾਣਿ ਲਾਏ ਹਾਣੁ ॥ ਲਬਿ ਨ ਚਲਈ ਸਚਿ ਰਹੈ ਸੋ ਵਿਸਟੁ ਪਰਵਾਣੁ ॥ ਸਰੁ ਸੰਧੇ ਆਗਾਸ ਕਉ ਕਿਉ ਪਹੁਚੈ ਬਾਣੁ ॥ ਅਗੈ ਓਹੁ ਅਗੰਮੁ ਹੈ ਵਾਹੇਦੜੁ ਜਾਣੁ ॥੨॥ ਪਉੜੀ ॥ ਨਾਰੀ ਪੁਰਖ ਪਿਆਰੁ ਪ੍ਰੇਮਿ ਸੀਗਾਰੀਆ ॥ ਕਰਨਿ ਭਗਤਿ ਦਿਨੁ ਰਾਤਿ ਨ ਰਹਨੀ ਵਾਰੀਆ ॥ ਮਹਲਾ ਮੰਝਿ ਨਿਵਾਸੁ ਸਬਦਿ ਸਵਾਰੀਆ ॥ ਸਚੁ ਕਹਨਿ ਅਰਦਾਸਿ ਸੇ ਵੇਚਾਰੀਆ ॥ ਸੋਹਨਿ ਖਸਮੈ ਪਾਸਿ ਹੁਕਮਿ ਸਿਧਾਰੀਆ ॥ ਸਖੀ ਕਹਨਿ ਅਰਦਾਸਿ ਮਨਹੁ ਪਿਆਰੀਆ ॥ ਬਿਨ ਨਾਵੈ ਧ੍ਰਿਗੁ ਵਾਸੁ ਫਿਟੁ ਸੁ ਜੀਵਿਆ ॥ ਸਬਦਿ ਸਵਾਰੀਆਸੁ ਅੰਮ੍ਰਿਤੁ ਪੀਵਿਆ ॥੨੨॥

ਮਹਲਾ ੨ ॥ ਨਿਹਫਲੰ ਤਸਿ ਜਨਮਸਿ ਜਾਵਤੁ ਬ੍ਰਹਮ ਨ ਬਿੰਦਤੇ ॥ ਸਾਗਰੰ ਸੰਸਾਰਸਿ ਗੁਰ ਪਰਸਾਦੀ ਤਰਹਿ ਕੇ ॥ ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ ॥ ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ ॥੨॥ ਪਉੜੀ ॥ ਖਸਮੈ ਕੈ ਦਰਬਾਰਿ ਢਾਢੀ ਵਸਿਆ ॥ ਸਚਾ ਖਸਮੁ ਕਲਾਣਿ ਕਮਲੁ ਵਿਗਸਿਆ ॥ ਖਸਮਹੁ ਪੂਰਾ ਪਾਇ ਮਨਹੁ ਰਹਸਿਆ ॥ ਦੁਸਮਨ ਕਢੇ ਮਾਰਿ ਸਜਣ

ਸਰਸਿਆ ॥ ਸਚਾ ਸਤਿਗੁਰੁ ਸੇਵਨਿ ਸਚਾ ਮਾਰਗੁ ਦਸਿਆ ॥ ਸਚਾ ਸਬਦੁ ਬੀਚਾਰਿ ਕਾਲੁ ਵਿਧਉਸਿਆ ॥ ਢਾਢੀ ਕਥੇ ਅਕਥੁ ਸਬਦਿ ਸਵਾਰਿਆ ॥ ਨਾਨਕ ਗੁਣ ਗਹਿ ਰਾਸਿ ਹਰਿ ਜੀਉ ਮਿਲੇ ਪਿਆਰਿਆ ॥੨੩॥

ਸਲੋਕੁ ਮਃ ੩ ----------------------------------------------------------------------------------------------------

ਸਲੋਕੁ ਮਃ ੧ ----------------------------------------------------------------------------------------------------

ਮਃ ੨ ॥ ਅਗੀ ਪਾਲਾ ਕਿ ਕਰੇ ਸੂਰਜ ਕੇਹੀ ਰਾਤਿ ॥ ਚੰਦ ਅਨੇਰਾ ਕਿ ਕਰੇ ਪਉਣ ਪਾਣੀ ਕਿਆ ਜਾਤਿ ॥ ਧਰਤੀ ਚੀਜੀ ਕਿ ਕਰੇ ਜਿਸੁ ਵਿਚਿ ਸਭੁ ਕਿਛੁ ਹੋਇ ॥ ਨਾਨਕ ਤਾ ਪਤਿ ਜਾਣੀਐ ਜਾ ਪਤਿ ਰਖੈ ਸੋਇ ॥੨॥ ਪਉੜੀ ॥ ਤੁਧੁ ਸਚੇ ਸੁਬਹਾਨੁ ਸਦਾ ਕਲਾਣਿਆ ॥ ਤੂੰ ਸਚਾ ਦੀਬਾਣੁ ਹੋਰਿ ਆਵਣ ਜਾਣਿਆ ॥ ਸਚੁ ਜਿ ਮੰਗਹਿ ਦਾਨੁ ਸਿ ਤੁਧੈ ਜੇਹਿਆ ॥ ਸਚੁ ਤੇਰਾ ਫੁਰਮਾਨੁ ਸਬਦੇ ਸੋਹਿਆ ॥ ਮੰਨਿਐ ਗਿਆਨੁ ਧਿਆਨੁ ਤੁਧੈ ਤੇ ਪਾਇਆ ॥ ਕਰਮਿ ਪਵੈ ਨੀਸਾਨੁ ਨ ਚਲੈ ਚਲਾਇਆ ॥ ਤੂੰ ਸਚਾ ਦਾਤਾਰੁ ਨਿਤ ਦੇਵਹਿ ਚੜਹਿ ਸਵਾਇਆ ॥ ਨਾਨਕੁ ਮੰਗੈ ਦਾਨੁ ਜੋ ਤੁਧੁ ਭਾਇਆ ॥੨੬॥ ਸਲੋਕੁ ਮਃ ੨ ॥ ਦੀਖਿਆ ਆਖਿ ਬੁਝਾਇਆ ਸਿਫਤੀ ਸਚਿ ਸਮੇਉ ॥ ਤਿਨ ਕਉ ਕਿਆ ਉਪਦੇਸੀਐ ਜਿਨ ਗੁਰੁ ਨਾਨਕ ਦੇਉ ॥੧॥

ਮਃ ੧ ॥ ----------------------------------------------------------------------------------------------------

----------------------------------------------------------------------------------------------------

# ਵਾਰ ਆਸਾ

ਅੰਗ 462 ਤੋਂ ਆਸਾ ਮਹਲਾ ੧ ॥ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 475 ਤੱਕ ਹੈ। ਇਸ ਵਾਰ ਵਿਚ ਪਹਿਲੇ ਅਤੇ ਦੂਜੇ ਪਾਤਸ਼ਾਹ ਦੇ ਸਲੋਕ ਹਨ।

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਆਸਾ ਮਹਲਾ ੧ ॥ ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ ॥

ਸਲੋਕੁ ਮਃ ੧ ------------------------------------------------------------

ਮਹਲਾ ੨ ॥ ਜੇ ਸਉ ਚੰਦਾ ਉਗਵਹਿ ਸੂਰਜ ਚੜਹਿ ਹਜਾਰ ॥ ਏਤੇ ਚਾਨਣ ਹੋਦਿਆਂ ਗੁਰ ਬਿਨੁ ਘੋਰ ਅੰਧਾਰ ॥੨॥

ਮਃ ੧ ------------------------------------------------------------

ਮਹਲਾ ੨ ॥ ਇਹੁ ਜਗੁ ਸਚੈ ਕੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ ॥ ਇਕਨ੍ਹਾ ਹੁਕਮਿ ਸਮਾਇ ਲਏ ਇਕਨ੍ਹਾ ਹੁਕਮੇ ਕਰੇ ਵਿਣਾਸੁ ॥ ਇਕਨ੍ਹਾ ਭਾਣੈ ਕਢਿ ਲਏ ਇਕਨ੍ਹਾ ਮਾਇਆ ਵਿਚਿ ਨਿਵਾਸੁ ॥ ਏਵ ਭਿ ਆਖਿ ਨ ਜਾਪਈ ਜਿ ਕਿਸੈ ਆਣੇ ਰਾਸਿ ॥ ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ ॥੩॥ ਪਉੜੀ ॥ ਨਾਨਕ ਜੀਅ ਉਪਾਇ ਕੈ ਲਿਖਿ ਨਾਵੈ ਧਰਮੁ ਬਹਾਲਿਆ ॥ ਓਥੈ ਸਚੇ ਹੀ ਸਚਿ ਨਿਬੜੈ ਚੁਣਿ ਵਖਿ ਕਢੇ ਜਜਮਾਲਿਆ ॥ ਥਾਉ ਨ ਪਾਇਨਿ ਕੂੜਿਆਰ ਮੁਹ ਕਾਲ੍ਹੈ ਦੋਜਕਿ ਚਾਲਿਆ ॥ ਤੇਰੈ ਨਾਇ ਰਤੇ ਸੇ ਜਿਣਿ ਗਏ ਹਾਰਿ ਗਏ ਸਿ ਠਗਣ ਵਾਲਿਆ ॥ ਲਿਖਿ ਨਾਵੈ ਧਰਮੁ ਬਹਾਲਿਆ ॥੨॥

ਸਲੋਕ ਮਃ ੧ ------------------------------------------------------------

ਮਹਲਾ ੨ ॥ ਹਉਮੈ ਏਹਾ ਜਾਤਿ ਹੈ ਹਉਮੈ ਕਰਮ ਕਮਾਹਿ ॥ ਹਉਮੈ ਏਈ ਬੰਧਨਾ ਫਿਰਿ ਫਿਰਿ ਜੋਨੀ ਪਾਹਿ ॥ ਹਉਮੈ ਕਿਥਹੁ ਊਪਜੈ ਕਿਤੁ ਸੰਜਮਿ ਇਹ ਜਾਇ ॥ ਹਉਮੈ ਏਹੋ ਹੁਕਮੁ ਹੈ ਪਇਐ ਕਿਰਤਿ ਫਿਰਾਹਿ ॥ ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ ॥ ਕਿਰਪਾ ਕਰੇ ਜੇ ਆਪਣੀ ਤਾ ਗੁਰ ਕਾ ਸਬਦੁ ਕਮਾਹਿ ॥ ਨਾਨਕੁ ਕਹੈ ਸੁਣਹੁ ਜਨਹੁ ਇਤੁ ਸੰਜਮਿ ਦੁਖ ਜਾਹਿ ॥੨॥ ਪਉੜੀ ॥ ਸੇਵ ਕੀਤੀ ਸੰਤੋਖੀਈਂ ਜਿਨ੍ਹੀ ਸਚੋ ਸਚੁ ਧਿਆਇਆ ॥ ਓਨ੍ਹੀ ਮੰਦੈ ਪੈਰੁ ਨ ਰਖਿਓ ਕਰਿ ਸੁਕ੍ਰਿਤੁ ਧਰਮੁ ਕਮਾਇਆ ॥ ਓਨ੍ਹੀ ਦੁਨੀਆ ਤੋੜੇ ਬੰਧਨਾ ਅੰਨੁ ਪਾਣੀ ਥੋੜਾ ਖਾਇਆ ॥ ਤੂੰ ਬਖਸੀਸੀ ਅਗਲਾ ਨਿਤ ਦੇਵਹਿ ਚੜਹਿ ਸਵਾਇਆ ॥ ਵਡਿਆਈ ਵਡਾ ਪਾਇਆ ॥੭॥

**ਸਲੋਕ ਮਃ ੧ ---------------------------------------------------------------**

ਮਃ ੨ ॥ ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਬ੍ਰਾਹਮਣਹ ॥ ਖਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾ ਕ੍ਰਿਤਹ ॥ ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੩॥ ਮਃ ੨ ॥ ਏਕ ਕ੍ਰਿਸਨੰ ਸਰਬ ਦੇਵਾ ਦੇਵ ਦੇਵਾ ਤ ਆਤਮਾ ॥ ਆਤਮਾ ਬਾਸੁਦੇਵਸ੍ਿ ਜੇ ਕੋ ਜਾਣੈ ਭੇਉ ॥ ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ ॥੪॥

**ਮਃ ੧ ---------------------------------------------------------------**

ਸਲੋਕੁ ਮਹਲਾ ੨ ॥ ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ ॥ ਨਾਨਕ ਆਸਕੁ ਕਾਂਢੀਐ ਸਦ ਹੀ ਰਹੈ ਸਮਾਇ ॥ ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ ॥ ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ ॥੧॥ ਮਹਲਾ ੨ ॥ ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ ॥ ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ ॥੨॥ ਪਉੜੀ ॥ ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮ੍ਾਲੀਐ ॥ ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ ॥ ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ ॥ ਜਿਉ

ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ ॥ ਕਿਛੁ ਲਾਹੇ ਉਪਰਿ ਘਾਲੀਐ ॥੨੧॥ ਸਲੋਕੁ ਮਹਲਾ ੨ ॥ ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ ॥ ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ ॥ ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ ॥ ਨਾਨਕ ਜਿਸ ਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ ॥੧॥ ਮਹਲਾ ੨ ॥ ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ ॥ ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ ॥੨॥ ਮਹਲਾ ੨ ॥ ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ ॥ ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ ॥ ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ ॥ ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ ॥ ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ ॥੩॥ ਮਹਲਾ ੨ ॥ ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ ॥ ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ ॥੪॥ ਮਹਲਾ ੨ ॥ ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ ॥ ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ ॥੫॥ ਪਉੜੀ ॥ ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ ॥ ਹੁਰਮਤਿ ਤਿਸ ਨੋ ਅਗਲੀ ਓਹੁ ਵਜਹੁ ਭਿ ਦੂਣਾ ਖਾਇ ॥ ਖਸਮੈ ਕਰੇ ਬਰਾਬਰੀ ਫਿਰਿ ਗੈਰਤਿ ਅੰਦਰਿ ਪਾਇ ॥ ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ ॥ ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ ॥ ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ ॥੨੨॥ ਸਲੋਕੁ ਮਹਲਾ ੨ ॥ ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ ॥ ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ ॥੧॥ ਮਹਲਾ ੨ ॥ ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ ॥ ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ ॥੨॥ ਪਉੜੀ ॥ ਨਾਨਕ ਅੰਤ ਨ ਜਾਪਨੀ ਹਰਿ ਤਾ ਕੇ ਪਾਰਾਵਾਰ ॥ ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ ॥ ਇਕਨ੍ਹਾ ਗਲੀ ਜੰਜੀਰੀਆ ਇਕਿ ਤੁਰੀ ਚੜਹਿ ਬਿਸੀਆਰ ॥ ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ ॥ ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ ॥੨੩॥

ਸਲੋਕੁ ਮਃ ੧ ----------------------------------------------------

ਮਹਲਾ ੨ ॥ ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ ॥ ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ ॥ ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ ॥੨॥ ਪਉੜੀ ॥ ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨਾ ਜਾਇ ॥ ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ ॥ ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ ॥ ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ ॥ ਸੋ ਕਰੇ ਜਿ ਤਿਸੈ ਰਜਾਇ ॥੨੪॥੧॥ ਸੁਧੁ

---

## ਰਾਗੁ ਸੋਰਠਿ ਵਾਰ

ਅੰਗ 642 ਤੋਂ ਰਾਗੁ ਸੋਰਠਿ ਵਾਰ ਮਹਲੇ ੪ ਕੀ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 654 ਤੱਕ ਹੈ। ਇਸ ਵਾਰ ਵਿਚ ਪਹਿਲੇ, ਦੂਜੇ, ਤੀਜੇ ਅਤੇ ਚੌਥੇ ਪਾਤਸ਼ਾਹ ਦੀ ਬਾਣੀ ਹੈ।

ਰਾਗੁ ਸੋਰਠਿ ਵਾਰ ਮਹਲੇ ੪ ਕੀ ੴ ਸਤਿਗੁਰ ਪ੍ਰਸਾਦਿ ॥

ਸਲੋਕੁ ਮਃ ੧ ------------------------------------------------

ਮਃ ੪ ------------------------------------------------

ਸਲੋਕੁ ਮਃ ੩ ------------------------------------------------

ਮਃ ੧ ------------------------------------------------------------------------------------------

ਸਲੋਕੁ ਮਃ ੩ ------------------------------------------------------------------------------------

ਸਲੋਕੁ ਮਃ ੪ ------------------------------------------------------------------------------------

ਸਲੋਕ ਮਃ ੧ -------------------------------------------------------------------------------------

ਮਃ ੨ ॥ ਨਕਿ ਨਥ ਖਸਮ ਹਥ ਕਿਰਤੁ ਧਕੇ ਦੇ ॥ ਜਹਾ ਦਾਣੇ ਤਹਾਂ ਖਾਣੇ ਨਾਨਕਾ ਸਚੁ ਹੇ ॥੨॥ ਪਉੜੀ ॥ ਸਭੇ ਗਲਾ ਆਪਿ ਥਾਟਿ ਬਹਾਲੀਓਨੁ ॥ ਆਪੇ ਰਚਨੁ ਰਚਾਇ ਆਪੇ ਹੀ ਘਾਲਿਓਨੁ ॥ ਆਪੇ ਜੰਤ ਉਪਾਇ ਆਪਿ ਪ੍ਰਤਿਪਾਲਿਓਨੁ ॥ ਦਾਸ ਰਖੇ ਕੰਠਿ ਲਾਇ ਨਦਰਿ ਨਿਹਾਲਿਓਨੁ ॥ ਨਾਨਕ ਭਗਤਾ ਸਦਾ ਅਨੰਦੁ ਭਾਉ ਦੂਜਾ ਜਾਲਿਓਨੁ ॥੨੮॥

ਸਲੋਕੁ ਮਃ ੩ -----------------------------------------------------------------------------------

------------------------------------------------------------------------------------------------

## ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩

ਅੰਗ 785 ਤੋਂ ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 792 ਤੱਕ ਹੈ। ਇਸ ਵਾਰ ਵਿਚ ਪਹਿਲੇ, ਦੂਜੇ ਅਤੇ ਤੀਜੇ ਪਾਤਸ਼ਾਹ ਦੇ ਸਲੋਕ ਹਨ।

## ੧ੴ ਸਤਿਗੁਰ ਪ੍ਰਸਾਦਿ ॥

### ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩

ਸਲੋਕੁ ਮਃ ੩ ------------------------------------------------------------------------------------------------

ਮਃ ੧ ------------------------------------------------------------------------------------------------

ਸਲੋਕੁ ਮਃ ੩ ------------------------------------------------------------------------------------------------

ਸਲੋਕੁ ਮਃ ੨ ॥ ਜਿਨੀ ਚਲਣੁ ਜਾਣਿਆ ਸੇ ਕਿਉ ਕਰਹਿ ਵਿਥਾਰ ॥ ਚਲਣ ਸਾਰ ਨ ਜਾਣਨੀ ਕਾਜ ਸਵਾਰਣਹਾਰ ॥੧॥ ਮਃ ੨ ॥ ਰਾਤਿ ਕਾਰਣਿ ਧਨੁ ਸੰਚੀਐ ਭਲਕੇ ਚਲਣੁ ਹੋਇ ॥ ਨਾਨਕ ਨਾਲਿ ਨ ਚਲਈ ਫਿਰਿ ਪਛੁਤਾਵਾ ਹੋਇ ॥੨॥ ਮਃ ੨ ॥ ਬਧਾ ਚਟੀ ਜੋ ਭਰੇ ਨਾ ਗੁਣੁ ਨਾ ਉਪਕਾਰੁ ॥ ਸੇਤੀ ਖੁਸੀ ਸਵਾਰੀਐ ਨਾਨਕ ਕਾਰਜੁ ਸਾਰੁ ॥੩॥ ਮਃ ੨ ॥ ਮਨਹਠਿ ਤਰਫ ਨ ਜਿਪਈ ਜੇ ਬਹੁਤਾ ਘਾਲੇ ॥ ਤਰਫ ਜਿਣੈ ਸਤ ਭਾਉ ਦੇ ਜਨ ਨਾਨਕ ਸਬਦੁ ਵੀਚਾਰੇ ॥੪॥ ਪਉੜੀ ॥ ਕਰਤੈ ਕਾਰਣੁ ਜਿਨਿ ਕੀਆ ਸੋ ਜਾਣੈ ਸੋਈ ॥ ਆਪੇ ਸ੍ਰਿਸਟਿ ਉਪਾਈਅਨੁ ਆਪੇ ਫੁਨਿ ਗੋਈ ॥ ਜੁਗ ਚਾਰੇ ਸਭ ਭਵਿ ਥਕੀ ਕਿਨਿ ਕੀਮਤਿ ਹੋਈ ॥ ਸਤਿਗੁਰਿ ਏਕੁ ਵਿਖਾਲਿਆ ਮਨਿ ਤਨਿ ਸੁਖੁ ਹੋਈ ॥ ਗੁਰਮੁਖਿ ਸਦਾ ਸਲਾਹੀਐ ਕਰਤਾ ਕਰੇ ਸੁ ਹੋਈ ॥੭॥ ਸਲੋਕ ਮਹਲਾ ੨ ॥ ਜਿਨਾ ਭਉ ਤਿਨ੍ ਨਾਹਿ ਭਉ ਮੁਚੁ ਭਉ ਨਿਭਵਿਆਹ ॥ ਨਾਨਕ ਏਹੁ ਪਟੰਤਰਾ ਤਿਤੁ ਦੀਬਾਣਿ ਗਇਆਹ ॥੧॥ ਮਃ ੨ ॥ ਤੁਰਦੇ ਕਉ ਤੁਰਦਾ ਮਿਲੈ ਉਡਤੇ ਕਉ ਉਡਤਾ ॥ ਜੀਵਤੇ ਕਉ ਜੀਵਤਾ ਮਿਲੈ ਮੂਏ ਕਉ ਮੂਆ ॥ ਨਾਨਕ ਸੋ ਸਾਲਾਹੀਐ ਜਿਨਿ ਕਾਰਣੁ ਕੀਆ ॥੨॥ ਪਉੜੀ ॥ ਸਚੁ ਧਿਆਇਨਿ ਸੇ ਸਚੇ ਗੁਰ ਸਬਦਿ ਵੀਚਾਰੀ ॥ ਹਉਮੈ ਮਾਰਿ ਮਨੁ ਨਿਰਮਲਾ ਹਰਿ ਨਾਮੁ ਉਰਿ ਧਾਰੀ ॥ ਕੋਠੇ ਮੰਡਪ ਮਾੜੀਆ ਲਗਿ

ਪਏ ਗਾਵਾਰੀ ॥ ਜਿਨਿ੍ ਕੀਏ ਤਿਸਹਿ ਨ ਜਾਣਨੀ ਮਨਮੁਖਿ ਗੁਬਾਰੀ ॥ ਜਿਸੁ ਬੁਝਾਇਹਿ ਸੋ ਬੁਝਸੀ ਸਚਿਆ ਕਿਆ ਜੰਤ ਵਿਚਾਰੀ ॥੮॥

ਸਲੋਕ ਮਃ ੩ ----------------------------------------------------------------------------------------------------

ਮਃ ੧ ----------------------------------------------------------------------------------------------------

ਮਹਲਾ ੨ ॥ ਨਾਨਕ ਤਿਨਾ ਬਸੰਤੁ ਹੈ ਜਿਨ੍ ਘਰਿ ਵਸਿਆ ਕੰਤੁ ॥ ਜਿਨ ਕੇ ਕੰਤ ਦਿਸਾਪੁਰੀ ਸੇ ਅਹਿਨਿਸਿ ਫਿਰਹਿ ਜਲੰਤ ॥੨॥ ਪਉੜੀ ॥ ਆਪੇ ਬਖਸੇ ਦਇਆ ਕਰਿ ਗੁਰ ਸਤਿਗੁਰ ਬਚਨੀ ॥ ਅਨਦਿਨੁ ਸੇਵੀ ਗੁਣ ਰਵਾ ਮਨੁ ਸਚੈ ਰਚਨੀ ॥ ਪ੍ਰਭੁ ਮੇਰਾ ਬੇਅੰਤੁ ਹੈ ਅੰਤੁ ਕਿਨੈ ਨ ਲਖਨੀ ॥ ਸਤਿਗੁਰ ਚਰਣੀ ਲਗਿਆ ਹਰਿ ਨਾਮੁ ਨਿਤ ਜਪਨੀ ॥ ਜੋ ਇਛੈ ਸੋ ਫਲੁ ਪਾਇਸੀ ਸਭਿ ਘਰੈ ਵਿਚਿ ਜਚਨੀ ॥੧੮॥

ਸਲੋਕ ਮਃ ੧ ----------------------------------------------------------------------------------------------------

ਮਃ ੨ ॥ ਪਹਿਲ ਬਸੰਤੈ ਆਗਮਨਿ ਤਿਸ ਕਾ ਕਰਹੁ ਬੀਚਾਰੁ ॥ ਨਾਨਕ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ ॥੨॥ ਮਃ ੨ ॥ ਮਿਲਿਐ ਮਿਲਿਆ ਨਾ ਮਿਲੈ ਮਿਲੈ ਮਿਲਿਆ ਜੇ ਹੋਇ ॥ ਅੰਤਰ ਆਤਮੈ ਜੋ ਮਿਲੈ ਮਿਲਿਆ ਕਹੀਐ ਸੋਇ ॥੩॥ ਪਉੜੀ ॥ ਹਰਿ ਹਰਿ ਨਾਮੁ ਸਲਾਹੀਐ ਸਚੁ ਕਾਰ ਕਮਾਵੈ ॥ ਦੂਜੀ ਕਾਰੈ ਲਗਿਆ ਫਿਰਿ ਜੋਨੀ ਪਾਵੈ ॥ ਨਾਮਿ ਰਤਿਆ ਨਾਮੁ ਪਾਈਐ ਨਾਮੇ ਗੁਣ ਗਾਵੈ ॥ ਗੁਰ ਕੈ ਸਬਦਿ ਸਲਾਹੀਐ ਹਰਿ ਨਾਮਿ ਸਮਾਵੈ ॥ ਸਤਿਗੁਰ ਸੇਵਾ ਸਫਲ ਹੈ ਸੇਵਿਐ ਫਲ ਪਾਵੈ ॥੧੯॥ ਸਲੋਕ ਮਃ ੨ ॥ ਕਿਸ ਹੀ ਕੋਈ ਕੋਇ ਮੰਞੁ ਨਿਮਾਣੀ ਇਕੁ ਤੂ ॥ ਕਿਉ ਨ ਮਰੀਜੈ ਰੋਇ ਜਾ ਲਗੁ ਚਿਤਿ ਨ ਆਵਹੀ ॥੧॥ ਮਃ ੨ ॥ ਜਾਂ ਸੁਖੁ ਤਾ

ਸਹੁ ਰਾਵਿਓ ਦੁਖਿ ਭੀ ਸੰਮ੍ਹਾਲਿਓਇ ॥ ਨਾਨਕੁ ਕਹੈ ਸਿਆਣੀਏ ਇਉ ਕੰਤ ਮਿਲਾਵਾ ਹੋਇ ॥੨॥ ਪਉੜੀ ॥ ਹਉ ਕਿਆ ਸਾਲਾਹੀ ਕਿਰਮ ਜੰਤੁ ਵਡੀ ਤੇਰੀ ਵਡਿਆਈ ॥ ਤੂ ਅਗਮ ਦਇਆਲੁ ਅਗੰਮੁ ਹੈ ਆਪਿ ਲੈਹਿ ਮਿਲਾਈ ॥ ਮੈ ਤੁਝ ਬਿਨੁ ਬੇਲੀ ਕੋ ਨਹੀ ਤੂ ਅੰਤਿ ਸਖਾਈ ॥ ਜੋ ਤੇਰੀ ਸਰਣਾਗਤੀ ਤਿਨ ਲੈਹਿ ਛਡਾਈ ॥ ਨਾਨਕ ਵੇਪਰਵਾਹੁ ਹੈ ਤਿਸੁ ਤਿਲੁ ਨ ਤਮਾਈ ॥੨੦॥੧॥

---

## ਰਾਮਕਲੀ ਕੀ ਵਾਰ

ਅੰਗ 947 ਤੋਂ ਰਾਮਕਲੀ ਕੀ ਵਾਰ ਮਹਲਾ ੩ ॥ ਜੋਧੈ ਵੀਰੈ ਪੂਰਬਾਣੀ ਕੀ ਧੁਨੀ ॥ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 956 ਤੱਕ ਹੈ। ਇਸ ਵਾਰ ਵਿਚ ਪਹਿਲੇ, ਦੂਜੇ, ਅਤੇ ਤੀਜੇ ਪਾਤਸ਼ਾਹ ਦੇ ਸਲੋਕ ਹਨ।

ੴ ਸਤਿਗੁਰ ਪ੍ਰਸਾਦਿ ॥

ਰਾਮਕਲੀ ਕੀ ਵਾਰ ਮਹਲਾ ੩ ॥ ਜੋਧੈ ਵੀਰੈ ਪੂਰਬਾਣੀ ਕੀ ਧੁਨੀ ॥

ਸਲੋਕੁ ਮਃ ੩ ----------

ਸਲੋਕੁ ਮਃ ੧ ----------

ਸਲੋਕ ਮਃ ੩ ----------

ਮਃ ੧ ----------------------------------------------------------------------------------------------------

ਮਃ ੨ ॥ ਜਪੁ ਤਪੁ ਸਭੁ ਕਿਛੁ ਮੰਨਿਐ ਅਵਰਿ ਕਾਰਾ ਸਭਿ ਬਾਦਿ ॥ ਨਾਨਕ ਮੰਨਿਆ ਮੰਨੀਐ ਬੁਝੀਐ ਗੁਰ ਪਰਸਾਦਿ ॥੨॥ ਪਉੜੀ ॥ ਕਾਇਆ ਹੰਸੁ ਧੁਰਿ ਮੇਲੁ ਕਰਤੈ ਲਿਖਿ ਪਾਇਆ ॥ ਸਭ ਮਹਿ ਗੁਪਤੁ ਵਰਤਦਾ ਗੁਰਮੁਖਿ ਪ੍ਰਗਟਾਇਆ ॥ ਗੁਣ ਗਾਵੈ ਗੁਣ ਉਚਰੈ ਗੁਣ ਮਾਹਿ ਸਮਾਇਆ ॥ ਸਚੀ ਬਾਣੀ ਸਚੁ ਹੈ ਸਚੁ ਮੇਲਿ ਮਿਲਾਇਆ ॥ ਸਭੁ ਕਿਛੁ ਆਪੇ ਆਪਿ ਹੈ ਆਪੇ ਦੇਇ ਵਡਿਆਈ ॥੧੪॥ ਸਲੋਕ ਮਃ ੨ ॥ ਨਾਨਕ ਅੰਧਾ ਹੋਇ ਕੈ ਰਤਨਾ ਪਰਖਣ ਜਾਇ ॥ ਰਤਨਾ ਸਾਰ ਨ ਜਾਣਈ ਆਵੈ ਆਪੁ ਲਖਾਇ ॥੧॥ ਮਃ ੨ ॥ ਰਤਨਾ ਕੇਰੀ ਗੁਥਲੀ ਰਤਨੀ ਖੋਲੀ ਆਇ ॥ ਵਖਰ ਤੈ ਵਣਜਾਰਿਆ ਦੁਹਾ ਰਹੀ ਸਮਾਇ ॥ ਜਿਨ ਗੁਣੁ ਪਲੈ ਨਾਨਕਾ ਮਾਣਕ ਵਣਜਹਿ ਸੇਇ ॥ ਰਤਨਾ ਸਾਰ ਨ ਜਾਣਨੀ ਅੰਧੇ ਵਤਹਿ ਲੋਇ ॥੨॥ ਪਉੜੀ ॥ ਨਉ ਦਰਵਾਜੇ ਕਾਇਆ ਕੋਟੁ ਹੈ ਦਸਵੈ ਗੁਪਤੁ ਰਖੀਜੈ ॥ ਬਜਰ ਕਪਾਟ ਨ ਖੁਲਨੀ ਗੁਰ ਸਬਦਿ ਖੁਲੀਜੈ ॥ ਅਨਹਦ ਵਾਜੇ ਧੁਨਿ ਵਜਦੇ ਗੁਰ ਸਬਦਿ ਸੁਣੀਜੈ ॥ ਤਿਤੁ ਘਟ ਅੰਤਰਿ ਚਾਨਣਾ ਕਰਿ ਭਗਤਿ ਮਿਲੀਜੈ ॥ ਸਭ ਮਹਿ ਏਕੁ ਵਰਤਦਾ ਜਿਨਿ ਆਪੇ ਰਚਨ ਰਚਾਈ ॥੧੫॥ ਸਲੋਕ ਮਃ ੨ ॥ ਅੰਧੇ ਕੈ ਰਾਹਿ ਦਸਿਐ ਅੰਧਾ ਹੋਇ ਸੁ ਜਾਇ ॥ ਹੋਇ ਸੁਜਾਖਾ ਨਾਨਕਾ ਸੋ ਕਿਉ ਉਝੜਿ ਪਾਇ ॥ ਅੰਧੇ ਏਹਿ ਨ ਆਖੀਅਨਿ ਜਿਨ ਮੁਖਿ ਲੋਇਣ ਨਾਹਿ ॥ ਅੰਧੇ ਸੇਈ ਨਾਨਕਾ ਖਸਮਹੁ ਘੁਥੇ ਜਾਹਿ ॥੧॥ ਮਃ ੨ ॥ ਸਾਹਿਬਿ ਅੰਧਾ ਜੋ ਕੀਆ ਕਰੇ ਸੁਜਾਖਾ ਹੋਇ ॥ ਜੇਹਾ ਜਾਣੈ ਤੇਹੋ ਵਰਤੈ ਜੇ ਸਉ ਆਖੈ ਕੋਇ ॥ ਜਿਥੈ ਸੁ ਵਸਤੁ ਨ ਜਾਪਈ ਆਪੇ ਵਰਤਉ ਜਾਣਿ ॥ ਨਾਨਕ ਗਾਹਕੁ ਕਿਉ ਲਏ ਸਕੈ ਨ ਵਸਤੁ ਪਛਾਣਿ ॥੨॥ ਮਃ ੨ ॥ ਸੋ ਕਿਉ ਅੰਧਾ ਆਖੀਐ ਜਿ ਹੁਕਮਹੁ ਅੰਧਾ ਹੋਇ ॥ ਨਾਨਕ ਹੁਕਮੁ ਨ ਬੁਝਈ ਅੰਧਾ ਕਹੀਐ ਸੋਇ ॥੩॥ ਪਉੜੀ

॥ ਕਾਇਆ ਅੰਦਰਿ ਗੜੁ ਕੋਟੁ ਹੈ ਸਭਿ ਦਿਸੰਤਰ ਦੇਸਾ ॥ ਆਪੇ ਤਾੜੀ ਲਾਈਅਨੁ ਸਭ ਮਹਿ ਪਰਵੇਸਾ ॥ ਆਪੇ ਸ੍ਰਿਸਟਿ ਸਾਜੀਅਨੁ ਆਪਿ ਗੁਪਤੁ ਰਖੇਸਾ ॥ ਗੁਰ ਸੇਵਾ ਤੇ ਜਾਣਿਆ ਸਚੁ ਪਰਗਟੀਏਸਾ ॥ ਸਭੁ ਕਿਛੁ ਸਚੋ ਸਚੁ ਹੈ ਗੁਰਿ ਸੋਝੀ ਪਾਈ ॥੧੯॥

ਸਲੋਕ ਮਃ ੧ ------------------------------------------------------------------------------------------------

ਸਲੋਕ ਮਃ ੨ ॥ ਨਾਨਕ ਚਿੰਤਾ ਮਤਿ ਕਰਹੁ ਚਿੰਤਾ ਤਿਸ ਹੀ ਹੇਇ ॥ ਜਲ ਮਹਿ ਜੰਤ ਉਪਾਇਅਨੁ ਤਿਨਾ ਭਿ ਰੋਜੀ ਦੇਇ ॥ ਓਥੈ ਹਟੁ ਨ ਚਲਈ ਨਾ ਕੋ ਕਿਰਸ ਕਰੇਇ ॥ ਸਉਦਾ ਮੂਲਿ ਨ ਹੋਵਈ ਨਾ ਕੋ ਲਏ ਨ ਦੇਇ ॥ ਜੀਆ ਕਾ ਆਹਾਰੁ ਜੀਅ ਖਾਣਾ ਏਹੁ ਕਰੇਇ ॥ ਵਿਚਿ ਉਪਾਏ ਸਾਇਰਾ ਤਿਨਾ ਭਿ ਸਾਰ ਕਰੇਇ ॥ ਨਾਨਕ ਚਿੰਤਾ ਮਤ ਕਰਹੁ ਚਿੰਤਾ ਤਿਸ ਹੀ ਹੇਇ ॥੧॥

ਮਃ ੧ ------------------------------------------------------------------------------------------------

ਸਲੋਕ ਮਃ ੩ ------------------------------------------------------------------------------------------------

ਸਲੋਕੁ ਮਃ ੧ ------------------------------------------------------------------------------------------------

------------------------------------------------------------------------------------------------------------

# ਮਾਰੂ ਵਾਰ ਮਹਲਾ ੩

ਅੰਗ 1086 ਤੋਂ ਮਾਰੂ ਵਾਰ ਮਹਲਾ ੩ ਸ਼ੁਰੂ ਹੋ ਜਾਂਦੀ ਹੈ ਜੋ ਅੰਗ 1094 ਤੱਕ ਹੈ। ਇਸ ਵਾਰ ਵਿਚ ਪਹਿਲੇ, ਦੂਜੇ, ਤੀਜੇ, ਚੌਥੇ ਅਤੇ ਪੰਜਵੇਂ ਪਾਤਸ਼ਾਹ ਦੇ ਸਲੋਕ ਹਨ। ਦੂਜੇ ਪਾਤਸ਼ਾਹ ਦਾ ਸਿਰਫ ਇਕ ਸਲੋਕ ਹੈ।

## ਮਾਰੂ ਵਾਰ ਮਹਲਾ ੩ ੴ ਸਤਿਗੁਰ ਪ੍ਰਸਾਦਿ ॥

ਸਲੋਕੁ ਮਃ ੧ ------------------------------------------------------------

ਮਃ ੪ ------------------------------------------------------------

ਸਲੋਕੁ ਮਃ ੩ ------------------------------------------------------------

ਮਃ ੪ ------------------------------------------------------------

ਸਲੋਕੁ ਮਃ ੧ ------------------------------------------------------------

ਮਃ ੩ ------------------------------------------------------------

ਸਲੋਕੁ ਮਃ ੧ ------------------------------------------------------------

ਸਲੋਕੁ ਮਃ ੩ ----------------------------------------------------------------------------------------------------

ਮਃ ੧ ----------------------------------------------------------------------------------------------------

ਸਲੋਕੁ ਮਃ ੩ ----------------------------------------------------------------------------------------------------

ਸਲੋਕੁ ਮਃ ----------------------------------------------------------------------------------------------------

ਮਃ ੩ ----------------------------------------------------------------------------------------------------

ਸਲੋਕੁ ਮਃ ੧ ----------------------------------------------------------------------------------------------------

ਸਲੋਕੁ ਮਃ ----------------------------------------------------------------------------------------------------

ਸਲੋਕ ਮਃ ੧ ----------------------------------------------------------------------------------------------------

ਮਃ ੩ ----------------------------------------------------------------------------------------------------

ਸਲੋਕ ਮਃ ੨ ॥ ਆਪੇ ਜਾਣੈ ਕਰੇ ਆਪਿ ਆਪੇ ਆਣੈ ਰਾਸਿ ॥ ਤਿਸੈ ਅਗੈ ਨਾਨਕਾ ਖਲਿਇ ਕੀਚੈ ਅਰਦਾਸਿ ॥੧॥

ਮਃ ੧ ---------------------------------------------------------------------------------------------------

ਸਲੋਕ ਮਃ ੫ ---------------------------------------------------------------------------------------------

ਸਲੋਕ ਮਃ ੩ ---------------------------------------------------------------------------------------------

---------------------------------------------------------------------------------------------------------

## ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ

ਅੰਗ 1237 ਤੋਂ ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1251 ਤੱਕ ਹੈ।

### ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੨ ॥ ਗੁਰੁ ਕੁੰਜੀ ਪਾਹੂ ਨਿਵਲੁ ਮਨੁ ਕੋਠਾ ਤਨੁ ਛਤਿ ॥ ਨਾਨਕ ਗੁਰ ਬਿਨੁ ਮਨ ਕਾ ਤਾਕੁ ਨ ਉਘੜੈ ਅਵਰ ਨ ਕੁੰਜੀ ਹਥਿ ॥੧॥

ਮਹਲਾ ੧ ---------------------------------------------------------------------------------------------

ਸਲੋਕ ਮਹਲਾ ੨ ॥ ਆਪਿ ਉਪਾਏ ਨਾਨਕਾ ਆਪੇ ਰਖੈ ਵੇਕ ॥ ਮੰਦਾ ਕਿਸ ਨੋ ਆਖੀਐ ਜਾਂ ਸਭਨਾ ਸਾਹਿਬੁ ਏਕੁ ॥ ਸਭਨਾ ਸਾਹਿਬੁ ਏਕੁ ਹੈ ਵੇਖੈ ਧੰਧੈ ਲਾਇ ॥ ਕਿਸੈ ਥੋੜਾ ਕਿਸੈ ਅਗਲਾ ਖਾਲੀ ਕੋਈ ਨਾਹਿ ॥ ਆਵਹਿ ਨੰਗੇ ਜਾਹਿ ਨੰਗੇ ਵਿਚੇ ਕਰਹਿ ਵਿਥਾਰ ॥ ਨਾਨਕ ਹੁਕਮੁ ਨ ਜਾਣੀਐ ਅਗੈ ਕਾਈ ਕਾਰ ॥੧॥

ਮਹਲਾ ੧ ------------------------------------------------------------------------------------------------------------

ਸਲੋਕ ਮਹਲਾ ੨ ॥ ਸਾਹ ਚਲੇ ਵਣਜਾਰਿਆ ਲਿਖਿਆ ਦੇਵੈ ਨਾਲਿ ॥ ਲਿਖੇ ਉਪਰਿ ਹੁਕਮੁ ਹੋਇ ਲਈਐ ਵਸਤੁ ਸਮ੍ਹਾਲਿ ॥ ਵਸਤੁ ਲਈ ਵਣਜਾਰਈ ਵਖਰੁ ਬਧਾ ਪਾਇ ॥ ਕੇਈ ਲਾਹਾ ਲੈ ਚਲੇ ਇਕਿ ਚਲੇ ਮੂਲੁ ਗਵਾਇ ॥ ਥੋੜਾ ਕਿਨੈ ਨ ਮੰਗਿਓ ਕਿਸੁ ਕਹੀਐ ਸਾਬਾਸਿ ॥ ਨਦਰਿ ਤਿਨਾ ਕਉ ਨਾਨਕਾ ਜਿ ਸਾਬਤੁ ਲਾਏ ਰਾਸਿ ॥੧॥

ਮਹਲਾ ੧ ------------------------------------------------------------------------------------------------------------

ਸਲੋਕ ਮਹਲਾ ੨ ॥ ਜਿਨ ਵਡਿਆਈ ਤੇਰੇ ਨਾਮ ਕੀ ਤੇ ਰਤੇ ਮਨ ਮਾਹਿ ॥ ਨਾਨਕ ਅੰਮ੍ਰਿਤੁ ਏਕੁ ਹੈ ਦੂਜਾ ਅੰਮ੍ਰਿਤੁ ਨਾਹਿ ॥ ਨਾਨਕ ਅੰਮ੍ਰਿਤੁ ਮਨੈ ਮਾਹਿ ਪਾਈਐ ਗੁਰ ਪਰਸਾਦਿ ॥ ਤਿਨ੍ਹੀ ਪੀਤਾ ਰੰਗ ਸਿਉ ਜਿਨ੍ ਕਉ ਲਿਖਿਆ ਆਦਿ ॥੧॥ ਮਹਲਾ ੨ ॥ ਕੀਤਾ ਕਿਆ ਸਾਲਾਹੀਐ ਕਰੇ ਸੋਇ ਸਾਲਾਹਿ ॥ ਨਾਨਕ ਏਕੀ ਬਾਹਰਾ ਦੂਜਾ ਦਾਤਾ ਨਾਹਿ ॥ ਕਰਤਾ ਸੋ ਸਾਲਾਹੀਐ ਜਿਨਿ ਕੀਤਾ ਆਕਾਰੁ ॥ ਦਾਤਾ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ ॥ ਨਾਨਕ ਆਪਿ ਸਦੀਵ ਹੈ ਪੂਰਾ ਜਿਸੁ ਭੰਡਾਰੁ ॥ ਵਡਾ ਕਰਿ ਸਾਲਾਹੀਐ ਅੰਤੁ ਨ ਪਾਰਾਵਾਰੁ ॥੨॥ ਪਉੜੀ ॥ ਹਰਿ ਕਾ ਨਾਮੁ ਨਿਧਾਨੁ ਹੈ ਸੇਵਿਐ ਸੁਖੁ ਪਾਈ ॥ ਨਾਮੁ ਨਿਰੰਜਨੁ ਉਚਰਾਂ ਪਤਿ ਸਿਉ ਘਰਿ ਜਾਂਈ ॥ ਗੁਰਮੁਖਿ ਬਾਣੀ ਨਾਮੁ ਹੈ ਨਾਮੁ ਰਿਦੈ ਵਸਾਈ ॥ ਮਤਿ ਪੰਖੇਰੂ ਵਸਿ ਹੋਇ ਸਤਿਗੁਰੂ ਧਿਆਈਂ ॥ ਨਾਨਕ ਆਪਿ ਦਇਆਲੁ ਹੋਇ

ਨਾਮੇ ਲਿਵ ਲਾਈ ॥੪॥ ਸਲੋਕ ਮਹਲਾ ੨ ॥ ਤਿਸੁ ਸਿਉ ਕੈਸਾ ਬੋਲਣਾ ਜਿ ਆਪੇ ਜਾਣੈ ਜਾਣੁ ॥ ਚੀਰੀ ਜਾ ਕੀ ਨਾ ਫਿਰੈ ਸਾਹਿਬੁ ਸੋ ਪਰਵਾਣੁ ॥ ਚੀਰੀ ਜਿਸ ਕੀ ਚਲਣਾ ਮੀਰ ਮਲਕ ਸਲਾਰ ॥ ਜੋ ਤਿਸੁ ਭਾਵੈ ਨਾਨਕਾ ਸਾਈ ਭਲੀ ਕਾਰ ॥ ਜਿਨ੍ਹਾ ਚੀਰੀ ਚਲਣਾ ਹਥਿ ਤਿਨ੍ਹਾ ਕਿਛੁ ਨਾਹੀ ॥ ਸਾਹਿਬ ਕਾ ਫੁਰਮਾਣੁ ਹੋਇ ਉਠੀ ਕਰਲੈ ਪਾਹਿ ॥ ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥੧॥ ਮਹਲਾ ੨ ॥ ਸਿਫਤਿ ਜਿਨਾ ਕਉ ਬਖਸੀਐ ਸੇਈ ਪੋਤੇਦਾਰ ॥ ਕੁੰਜੀ ਜਿਨ ਕਉ ਦਿਤੀਆ ਤਿਨ੍ਹਾ ਮਿਲੇ ਭੰਡਾਰ ॥ ਜਹ ਭੰਡਾਰੀ ਹੂ ਗੁਣ ਨਿਕਲਹਿ ਤੇ ਕੀਅਹਿ ਪਰਵਾਣੁ ॥ ਨਦਰਿ ਤਿਨ੍ਹਾ ਕਉ ਨਾਨਕਾ ਨਾਮੁ ਜਿਨ੍ਹਾ ਨੀਸਾਣੁ ॥੨॥ ਪਉੜੀ ॥ ਨਾਮੁ ਨਿਰੰਜਨੁ ਨਿਰਮਲਾ ਸੁਣਿਐ ਸੁਖੁ ਹੋਈ ॥ ਸੁਣਿ ਸੁਣਿ ਮੰਨਿ ਵਸਾਈਐ ਬੂਝੈ ਜਨੁ ਕੋਈ ॥ ਬਹਦਿਆ ਉਠਦਿਆ ਨ ਵਿਸਰੈ ਸਾਚਾ ਸਚੁ ਸੋਈ ॥ ਭਗਤਾ ਕਉ ਨਾਮ ਅਧਾਰੁ ਹੈ ਨਾਮੇ ਸੁਖੁ ਹੋਈ ॥ ਨਾਨਕ ਮਨਿ ਤਨਿ ਰਵਿ ਰਹਿਆ ਗੁਰਮੁਖਿ ਹਰਿ ਸੋਈ ॥੫॥

**ਸਲੋਕ ਮਹਲਾ ੧ ---------------------------------------------------------------------------------------------------------**

ਸਲੋਕ ਮਃ ੨ ॥ ਕਥਾ ਕਹਾਣੀ ਬੇਦੀਂ ਆਣੀ ਪਾਪੁ ਪੁੰਨੁ ਬੀਚਾਰੁ ॥ ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ ॥ ਉਤਮ ਮਧਿਮ ਜਾਤੀਂ ਜਿਨਸੀ ਭਰਮਿ ਭਵੈ ਸੰਸਾਰੁ ॥ ਅੰਮ੍ਰਿਤ ਬਾਣੀ ਤਤੁ ਵਖਾਣੀ ਗਿਆਨ ਧਿਆਨ ਵਿਚਿ ਆਈ ॥ ਗੁਰਮੁਖਿ ਆਖੀ ਗੁਰਮੁਖਿ ਜਾਤੀ ਸੁਰਤੀਂ ਕਰਮਿ ਧਿਆਈ ॥ ਹੁਕਮੁ ਸਾਜਿ ਹੁਕਮੈ ਵਿਚਿ ਰਖੈ ਹੁਕਮੈ ਅੰਦਰਿ ਵੇਖੈ ॥ ਨਾਨਕ ਅਗਹੁ ਹਉਮੈ ਤੁਟੈ ਤਾਂ ਕੋ ਲਿਖੀਐ ਲੇਖੈ ॥੧॥

**ਮਃ ੧ ---------------------------------------------------------------------------------------------------------**

ਸਲੋਕ ਮਃ ੪ ---------------------------------------------------------------------------------------------------

ਸਲੋਕ ਮਃ ੧ ---------------------------------------------------------------------------------------------------

ਮਃ ੨ ॥ ਜੈਸਾ ਕਰੈ ਕਹਾਵੈ ਤੈਸਾ ਐਸੀ ਬਨੀ ਜਰੂਰਤਿ ॥ ਹੋਵਹਿ ਲਿੰਙ ਝਿੰਙ ਨਹ ਹੋਵਹਿ ਐਸੀ ਕਹੀਐ ਸੂਰਤਿ ॥ ਜੋ ਓਸੁ ਇਛੇ ਸੋ ਫਲੁ ਪਾਏ ਤਾਂ ਨਾਨਕ ਕਹੀਐ ਮੂਰਤਿ ॥੨॥ ਪਉੜੀ ॥ ਸਤਿਗੁਰੁ ਅੰਮ੍ਰਿਤ ਬਿਰਖੁ ਹੈ ਅੰਮ੍ਰਿਤ ਰਸਿ ਫਲਿਆ ॥ ਜਿਸੁ ਪਰਾਪਤਿ ਸੋ ਲਹੈ ਗੁਰ ਸਬਦੀ ਮਿਲਿਆ ॥ ਸਤਿਗੁਰ ਕੈ ਭਾਣੈ ਜੋ ਚਲੈ ਹਰਿ ਸੇਤੀ ਰਲਿਆ ॥ ਜਮਕਾਲੁ ਜੋਹਿ ਨ ਸਕਈ ਘਟਿ ਚਾਨਣੁ ਬਲਿਆ ॥ ਨਾਨਕ ਬਖਸਿ ਮਿਲਾਇਅਨੁ ਫਿਰਿ ਗਰਭਿ ਨ ਗਲਿਆ ॥੨●॥

ਸਲੋਕ ਮਃ ੧ ---------------------------------------------------------------------------------------------------

ਮਹਲਾ ੩ ---------------------------------------------------------------------------------------------------

ਸਲੋਕ ਮਃ ੧ ---------------------------------------------------------------------------------------------------

ਸਲੋਕ ਮਃ ੪ ---------------------------------------------------------------------------------------------------

ਸਲੋਕ ਮਃ ੩ ---------------------------------------------------------------------------------------------------

ਮਃ ੫ ---------------------------------------------------------------------------------------------------

ਸਲੋਕ ਮਃ ੩ ------------------------------------------------------------------------------------------------------------

ਮਃ ੪ ---------------------------------------------------------------------------------------------------------------------

ਸਲੋਕ ਮਃ ੩ -----------------------------------------------------------------------------------------------------------

ਮਃ ੫ -------------------------------------------------------------------------------------------------------------------

------------------------------------------------------------------------------------------------------------------------------

## ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ

ਅੰਗ 1278 ਤੋਂ ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ ਬਾਣੀ ਸ਼ੁਰੂ ਹੋ ਜਾਂਦੀ ਹੈ, ਜੋ ਅੰਗ 1291 ਤੱਕ ਹੈ। ਇਸ ਵਾਰ ਵਿਚ ਪਹਿਲੇ, ਦੂਜੇ, ਤੀਜੇ ਅਤੇ ਪੰਜਵੇਂ ਪਾਤਸ਼ਾਹ ਦੀ ਬਾਣੀ ਹੈ।

ਵਾਰ ਮਲਾਰ ਕੀ ਮਹਲਾ ੧ ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ ॥ ੴ ਸਤਿਗੁਰ ਪ੍ਰਸਾਦਿ ॥

ਸਲੋਕ ਮਹਲਾ ੩---------------------------------------------------------------------------------------------------------

ਮਹਲਾ ੧ ----------------------------------------------------------------------------------------------------------------

ਮਃ ੨ ॥ ਵੈਦਾ ਵੈਦੁ ਸੁਵੈਦੁ ਤੂ ਪਹਿਲਾਂ ਰੋਗੁ ਪਛਾਣੁ ॥ ਐਸਾ ਦਾਰੂ ਲੋੜਿ ਲਹੁ ਜਿਤੁ ਵੰਞੈ ਰੋਗਾ ਘਾਣਿ ॥ ਜਿਤੁ ਦਾਰੂ ਰੋਗ ਉਠਿਅਹਿ ਤਨਿ ਸੁਖੁ ਵਸੈ ਆਇ ॥ ਰੋਗੁ ਗਵਾਇਹਿ ਆਪਣਾ ਤ ਨਾਨਕ ਵੈਦੁ ਸਦਾਇ ॥੨॥ ਪਉੜੀ ॥ ਬ੍ਰਹਮਾ ਬਿਸਨੁ ਮਹੇਸੁ ਦੇਵ ਉਪਾਇਆ ॥ ਬ੍ਰਹਮੇ ਦਿਤੇ ਬੇਦ ਪੂਜਾ ਲਾਇਆ ॥ ਦਸ ਅਵਤਾਰੀ ਰਾਮੁ ਰਾਜਾ ਆਇਆ ॥ ਦੈਤਾ ਮਾਰੇ ਧਾਇ ਹੁਕਮਿ ਸਬਾਇਆ ॥ ਈਸ ਮਹੇਸੁਰੁ ਸੇਵ ਤਿਨ੍ਹੀ ਅੰਤੁ ਨ ਪਾਇਆ ॥ ਸਚੀ ਕੀਮਤਿ ਪਾਇ ਤਖਤੁ ਰਚਾਇਆ ॥ ਦੁਨੀਆ ਧੰਧੈ ਲਾਇ ਆਪੁ ਛਪਾਇਆ ॥ ਧਰਮੁ ਕਰਾਏ ਕਰਮ ਧੁਰਹੁ ਫੁਰਮਾਇਆ ॥੩॥ ਸਲੋਕ ਮਃ ੨ ॥ ਸਾਵਣੁ ਆਇਆ ਹੇ ਸਖੀ ਕੰਤੈ ਚਿਤਿ ਕਰੇਹੁ ॥ ਨਾਨਕ ਝੂਰਿ ਮਰਹਿ ਦੋਹਾਗਣੀ ਜਿਨ੍ ਅਵਰੀ ਲਾਗਾ ਨੇਹੁ ॥੧॥ ਮਃ ੨ ॥ ਸਾਵਣੁ ਆਇਆ ਹੇ ਸਖੀ ਜਲਹਰੁ ਬਰਸਨਹਾਰੁ ॥ ਨਾਨਕ ਸੁਖਿ ਸਵਨੁ ਸੋਹਾਗਣੀ ਜਿਨ੍ ਸਹ ਨਾਲਿ ਪਿਆਰੁ ॥੨॥ ਪਉੜੀ ॥ ਆਪੇ ਛਿੰਝ ਪਵਾਇ ਮਲਾਖਾੜਾ ਰਚਿਆ ॥ ਲਥੇ ਭੜਥੂ ਪਾਇ ਗੁਰਮੁਖਿ ਮਚਿਆ ॥ ਮਨਮੁਖ ਮਾਰੇ ਪਛਾੜਿ ਮੂਰਖ ਕਚਿਆ ॥ ਆਪਿ ਭਿੜੈ ਮਾਰੇ ਆਪਿ ਆਪਿ ਕਾਰਜੁ ਰਚਿਆ ॥ ਸਭਨਾ ਖਸਮੁ ਏਕੁ ਹੈ ਗੁਰਮੁਖਿ ਜਾਣੀਐ ॥ ਹੁਕਮੀ ਲਿਖੈ ਸਿਰਿ ਲੇਖੁ ਵਿਣੁ ਕਲਮ ਮਸਵਾਣੀਐ ॥ ਸਤਸੰਗਤਿ ਮੇਲਾਪੁ ਜਿਥੈ ਹਰਿ ਗੁਣ ਸਦਾ ਵਖਾਣੀਐ ॥ ਨਾਨਕ ਸਚਾ ਸਬਦੁ ਸਲਾਹਿ ਸਚੁ ਪਛਾਣੀਐ ॥੪॥

ਸਲੋਕ ਮਃ ੩ ----------------------------------------------------------------------------------------------------

ਸਲੋਕ ਮਃ ੫ ----------------------------------------------------------------------------------------------------

ਸਲੋਕ ਮਃ ੩ ----------------------------------------------------------------------------------------------------

ਸਲੋਕ ਮਃ ੧ ----------------------------------------------------------------------------------------------------

ਸਲੋਕ ਮਃ ੨ ॥ ਨਾਉ ਫਕੀਰੈ ਪਾਤਿਸਾਹੁ ਮੂਰਖ ਪੰਡਿਤੁ ਨਾਉ ॥ ਅੰਧੇ ਕਾ ਨਾਉ ਪਾਰਖੂ ਏਵੈ ਕਰੇ ਗੁਆਉ ॥ ਇਲਤਿ ਕਾ ਨਾਉ ਚਉਧਰੀ ਕੂੜੀ ਪੂਰੇ ਥਾਉ ॥ ਨਾਨਕ ਗੁਰਮੁਖਿ ਜਾਣੀਐ ਕਲਿ ਕਾ ਏਹੁ ਨਿਆਉ ॥੧॥

ਮਃ ੧ ॥ ------------------------------------------------------------------------------------------------

ਮਃ ੨ ॥ ਨਾਨਕ ਦੁਨੀਆ ਕੀਆਂ ਵਡਿਆਈਆਂ ਅਗੀ ਸੇਤੀ ਜਾਲਿ ॥ ਏਨੀ ਜਲੀਈਂ ਨਾਮੁ ਵਿਸਾਰਿਆ ਇਕ ਨ ਚਲੀਆ ਨਾਲਿ ॥੨॥ ਪਉੜੀ ॥ ਸਿਰਿ ਸਿਰਿ ਹੋਇ ਨਿਬੇੜੁ ਹੁਕਮਿ ਚਲਾਇਆ ॥ ਤੇਰੈ ਹਥਿ ਨਿਬੇੜੁ ਤੂਹੈ ਮਨਿ ਭਾਇਆ ॥ ਕਾਲੁ ਚਲਾਏ ਬੰਨਿ ਕੋਇ ਨ ਰਖਸੀ ॥ ਜਰੁ ਜਰਵਾਣਾ ਕੰਨ੍ਹਿ ਚੜਿਆ ਨਚਸੀ ॥ ਸਤਿਗੁਰੁ ਬੋਹਿਥੁ ਬੇੜੁ ਸਚਾ ਰਖਸੀ ॥ ਅਗਨਿ ਭਖੈ ਭੜਹਾੜੁ ਅਨਦਿਨੁ ਭਖਸੀ ॥ ਫਾਥਾ ਚੁਗੈ ਚੋਗ ਹੁਕਮੀ ਛੁਟਸੀ ॥ ਕਰਤਾ ਕਰੇ ਸੁ ਹੋਗੁ ਕੂੜੁ ਨਿਖੁਟਸੀ ॥੨੬॥

ਸਲੋਕ ਮਃ ੧ ------------------------------------------------------------------------------------------------

ਮਃ ੫ ॥ ------------------------------------------------------------------------------------------------

ਸਲੋਕ ਮਃ ੧ ------------------------------------------------------------------------------------------------

# ਵਿਸ਼ੇਸ਼ ਟਿੱਪਣੀ

ਇਸ ਪੀ. ਡੀ. ਐਫ. ਵਿੱਚ ਤੁਸੀਂ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਸੰਪੂਰਨ ਬਾਣੀ ਨੂੰ ਇੱਕੋ ਥਾਂ 'ਤੇ ਪੜ੍ਹ ਸਕੋਗੇ। ਗੁਰੂ ਸਾਹਿਬਾਨਾ ਦੀ ਬਾਣੀ ਨੂੰ ਇਸ ਤਰ੍ਹਾਂ, ਇੱਕ ਥਾਂ ’ਤੇ ਇਕੱਤਰ ਕਰਨ ਦਾ ਮਕਸਦ ਇਹ ਸੀ ਕਿ ਖੋਜ ਪੜਤਾਲ ਕਰਨ ਵਾਲੇ ਵਿਦਿਆਰਥੀਆਂ ਅਤੇ ਵਿਦਵਾਨਾਂ ਲਈ ਗੁਰੂ ਸਾਹਿਬਾਨਾਂ ਦੀ ਬਾਣੀ ਇੱਕੋ ਥਾਂ ’ਤੇ ਹਾਸਲ ਹੋ ਸਕੇ ਤਾਂ ਕਿ ਖੋਜ ਕਾਰਜਾਂ ਵਿਚ ਆਸਾਨੀ ਹੋਵੇ।

ਮੇਰਾ ਵਿਸ਼ਵਾਸ ਹੈ ਕਿ ਇਸ ਨਾਲ ਗੁਰਬਾਣੀ ਦੇ ਵਿਚਾਰਧਾਰਕ ਅਧਿਐਨ ਅਤੇ ਕਾਵਿ ਰੂਪੀ ਵੰਨਗੀਆਂ ਦੇ ਅਧਿਐਨ ਕਰਨ ਵਿਚ ਖੋਜਾਰਥੀਆਂ ਅਤੇ ਵਿਦਿਆਰਥੀਆਂ ਨੂੰ ਕਾਫੀ ਸਹਾਇਤਾ ਮਿਲੇਗੀ। ਦਾਸ ਦੀ ਕੋਸ਼ਿਸ਼ ਰਹੇਗੀ ਕਿ ਆਉਣ ਵਾਲੇ ਸਮੇਂ ਵਿੱਚ ਸਾਰੇ ਗੁਰੂ ਸਾਹਿਬਾਨਾਂ ਦੀ ਬਾਣੀ ਨੂੰ ਵੱਖਰਾ-ਵੱਖਰਾ ਕਰਕੇ ਇਸੇ ਤਰ੍ਹਾਂ ਆਪ ਜੀ ਦੇ ਸਨਮੁਖ ਪੇਸ਼ ਕੀਤਾ ਜਾਵੇ।

ਇਹ ਪਵਿੱਤਰ ਕਾਰਜ ਕਰਦਿਆਂ ਕੋਈ ਭੁੱਲ-ਚੁੱਕ ਹੋ ਗਈ ਹੋਵੇ ਤਾਂ ਖਿਮਾ ਦਾ ਜਾਚਕ ਹਾਂ ਅਤੇ ਸੰਗਤ ਬਖਸ਼ਣ ਯੋਗ ਹੈ। ਇਸ ਸਬੰਧੀ ਜੇਕਰ ਆਪ ਜੀ ਦਾ ਕੋਈ ਸੁਝਾਅ ਹੋਵੇ ਤਾਂ ਕੁਮੈਂਟ ਬਾਕਸ ਵਿੱਚ ਆਪ ਜੀ ਆਪਣੇ ਵਿਚਾਰ ਸਾਂਝੇ ਕਰ ਸਕਦੇ ਹੋ।

ਸਭ ਦਾ ਧੰਨਵਾਦ

ਜਸਬੀਰ ਵਾਟਾਂਵਾਲੀਆ